ਅਜੀਤ ਪੰਜਾਬ

6

ਅਜੀਤ, ਬਠਿੰਡਾ

ਸੋਮਵਾਰ, 20 ਅਕਤੂਬਰ, 2025



ਅਜਨਾਲਾ (ਅੰਮ੍ਰਿਤਸਰ) ਸਥਿਤ ਭਾਰਤ-ਪਾਕਿਸਤਾਨ ਕੌਮਾਂਤਰੀ ਸਰਹੱਦ ਵਿਖੇ ਬੀ. ਐੱਸ. ਐੱਫ. ਦੀਆਂ ਜਵਾਨ ਆਤਿਸ਼ਬਾਜ਼ੀ ਚਲਾ ਕੇ ਦੀਵਾਲੀ ਦੀਆਂ ਖ਼ੁਸ਼ੀਆਂ ਸਾਂਝੀਆਂ ਕਰਦੀਆਂ ਹੋਈਆਂ। ਵੇਰਕਾ ਤੇ ਤਸਵੀਰ : ਗੁਰਪ੍ਰੀਤ ਸਿੰਘ ਢਿੱਲੋਂ

# ਪ੍ਰਾਪਰਟੀ ਕਾਰੋਬਾਰੀ ਦੇ ਘਰ 'ਤੇ ਤੜਕੇ ਚਲਾਈਆਂ ਅੰਨ੍ਹੇਵਾਹ ਗੋਲੀਆਂ

## ਗੈਂਗਸਟਰ ਦੇ ਨਾਂਅ 'ਤੇ ਪੰਜ ਕਰੋੜ ਰੁਪਏ ਦੀ ਮੰਗੀ ਫਿਰੌਤੀ

ਲੁਧਿਆਣਾ, 19 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)-ਥਾਣਾ ਸਦਰ ਦੇ ਘੇਰੇ ਅੰਦਰ ਪੈਂਦੇ ਇਲਾਕੇ ਬੇਗੋਆਣਾ ਰੋਡ 'ਤੇ ਅੱਜ ਤੜਕੇ ਦੋ ਹਥਿਆਰਬੰਦ ਮੋਟਰਸਾਈਕਲ ਸਵਾਰਾਂ ਵਲੋਂ ਇਕ ਪ੍ਰਾਪਰਟੀ ਕਾਰੋਬਾਰੀ ਦੇ ਘਰ 'ਤੇ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ। ਜਾਣਕਾਰੀ ਅਨੁਸਾਰ ਘਟਨਾ ਅੱਜ ਤੜਕੇ 3 ਵਜੇ ਦੇ ਕਰੀਬ ਉਸ ਵਕਤ ਵਾਪਰੀ ਜਦੋਂ ਪ੍ਰਾਪਰਟੀ ਦਾ ਕਾਰੋਬਾਰ ਕਰਨ ਵਾਲੇ ਨੰਦ ਲਾਲ ਯਾਦਵ ਦੇ ਘਰ ਦੋ ਮੋਟਰਸਾਈਕਲ ਸਵਾਰ ਨੌਜਵਾਨਾਂ ਨੇ ਅੰਨ੍ਹੇਵਾਹ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਇਨ੍ਹਾਂ ਹਮਲਾਵਰਾਂ ਵਲੋਂ 20 ਦੇ ਕਰੀਬ ਗੋਲੀਆਂ ਚਲਾਈਆਂ ਗਈਆਂ, ਜਿਸ ਕਾਰਨ ਇਲਾਕੇ ਵਿਚ ਦਹਿਸ਼ਤ ਫੈਲ ਗਈ। ਰੌਲੇ ਦੀ ਆਵਾਜ਼ ਸੁਣ ਕੇ ਲੋਕ ਇਕੱਠੇ ਹੋ ਗਏ, ਪਰ ਉਸ ਵੇਲੇ ਤੱਕ ਇਹ ਹਮਲਾਵਰ ਜਾ ਚੁੱਕੇ ਸਨ। ਇਨ੍ਹਾਂ ਹਮਲਾਵਰਾਂ ਵਲੋਂ ਘਰ ਦੇ ਅੰਦਰ ਇਕ ਪਰਚੀ ਸੁੱਟੀ ਗਈ ਹੈ, ਜਿਸ ਵਿਚ ਪੰਜ ਕਰੋੜ ਰੁਪਏ ਦੀ ਫਿਰੌਤੀ ਦੇਣ ਬਾਰੇ ਕਿਹਾ ਗਿਆ ਹੈ। ਇਨ੍ਹਾਂ ਹਮਲਾਵਰਾਂ ਵਲੋਂ ਆਪਣੇ ਆਪ ਨੂੰ ਕੌਸ਼ਲ ਚੌਧਰੀ ਗੈਂਗਸਟਰ ਗਰੋਹ ਦੇ ਮੈਂਬਰ ਦੱਸ ਕੇ ਇਸ ਪਰਚੀ 'ਤੇ ਨਾਂਅ ਲਿਖਿਆ ਗਿਆ ਹੈ। ਜਾਂਚ ਕਰ ਰਹੇ ਪੁਲਿਸ ਅਧਿਕਾਰੀ ਕਪਿਲ ਕੁਮਾਰ ਨੇ ਦੱਸਿਆ ਕਿ ਹਾਲ ਦੀ ਘੜੀ ਪੁਲਿਸ ਵਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਇਸ ਮਾਮਲੇ ਨੂੰ ਜਲਦ ਹੱਲ ਕਰ ਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਨੰਦ ਲਾਲ ਯਾਦਵ ਸਾਬਕਾ ਫ਼ੌਜੀ ਅਧਿਕਾਰੀ ਹਨ ਅਤੇ ਹੁਣ ਉਹ ਆਪਣਾ ਪ੍ਰਾਪਰਟੀ ਦਾ ਕਾਰੋਬਾਰ ਕਰਦੇ ਹਨ। ਉਨ੍ਹਾਂ ਦਾ ਭਰਾ ਬੀ.ਐਲ. ਯਾਦਵ ਆਮ ਆਦਮੀ ਪਾਰਟੀ ਦਾ ਆਗੂ ਹੈ, ਜੋ ਕਿ ਇਕ ਹੋਰ ਕਾਲੋਨੀ ਵਿਚ ਰਹਿੰਦਾ ਹੈ।

# ਤਿਉਹਾਰੀ ਸੀਜ਼ਨ ਕਾਰਨ ਸਰਕਾਰ ਨੇ ਵਧਾਈ ਜੀ.ਐਸ.ਟੀ.ਆਰ.-3ਬੀ ਭਰਨ ਦੀ ਸਮਾਂ ਹੱਦ

ਨਵੀਂ ਦਿੱਲੀ, 19 ਅਕਤੂਬਰ (ਉਪਮਾ ਡਾਗਾ ਪਾਰਥ)-ਤਿਉਹਾਰੀ ਸੀਜ਼ਨ 'ਚ ਵਿੱਤ ਮੰਤਰਾਲੇ ਨੇ ਕਾਰੋਬਾਰੀਆਂ ਨੂੰ ਵੱਡੀ ਰਾਹਤ ਦਿੰਦਿਆਂ ਜੀ.ਐਸ.ਟੀ.ਆਰ.-3ਬੀ ਦੀ ਫਾਇਲਿੰਗ ਦੀ ਤਰੀਕ ਵਧਾ ਕੇ 25 ਅਕਤੂਬਰ 2025 ਕਰਨ ਦਾ ਐਲਾਨ ਕਰ ਦਿੱਤਾ। ਮੰਤਰਾਲੇ ਵਲੋਂ ਜਾਰੀ ਨੋਟੀਫਿਕੇਸ਼ਨ ਮੁਤਾਬਿਕ ਜੁਲਾਈ ਤੋਂ ਸਤੰਬਰ ਤੱਕ ਦੀ ਤਿਮਾਹੀ ਅਤੇ ਸਤੰਬਰ ਮਹੀਨੇ ਦੋਹਾਂ ਸਮਾਂ ਹੱਦਾਂ ਲਈ ਜੀ.ਐਸ.ਟੀ.ਆਰ.-3ਬੀ ਭੁਗਤਾਨ ਤਰੀਕ 25 ਅਕਤੂਬਰ ਕਰ ਦਿੱਤੀ ਗਈ। ਹਾਲ ਹੀ 'ਚ ਬਾਂਬੇ ਚਾਰਟਿਡ ਅਕਾਊਂਟੈਂਟ ਸੁਸਾਇਟੀ ਨੇ ਇਸ ਸੰਬੰਧ 'ਚ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੂੰ ਚਿੱਠੀ ਲਿਖ ਕੇ ਜੀ.ਐਸ.ਟੀ.-ਆਰ.-3ਬੀ ਰਿਟਰਨ ਦਾਖ਼ਲ ਕਰਨ ਅਤੇ ਸਤੰਬਰ 2025 ਨੂੰ ਖ਼ਤਮ ਹੋਣ ਵਾਲੇ ਮਹੀਨੇ ਅਤੇ ਤਿਮਾਹੀ ਲਈ ਦੇਣਦਾਰੀਆਂ ਭਰਨ ਦਾ ਸਮਾਂ ਹੱਦ ਵਧਾਉਣ ਦੀ ਅਪੀਲ ਕੀਤੀ ਸੀ। ਇਸ ਲਈ ਤਿਉਹਾਰੀ ਸੀਜ਼ਨ ਕਾਰਨ ਟੈਕਸ ਅਦਾ ਕਰਨ ਵਾਲਿਆਂ ਨੂੰ ਆਉਣ ਵਾਲੀਆਂ ਪ੍ਰੈਕਟੀਕਲ ਦਿੱਕਤਾਂ ਬਾਰੇ ਦੱਸਿਆ ਗਿਆ ਸੀ। ਜ਼ਿਕਰਯੋਗ ਹੈ ਜੀ.ਐਸ.ਟੀ.,ਆਰ.-3ਬੀ ਰਿਟਰਨ ਦਾ ਉਦੇਸ਼ ਟੈਕਸ ਭਰਨ ਵਾਲੇ ਲਈ ਕਿਸੇ ਵੀ ਵਿਸ਼ੇਸ਼ ਟੈਕਸ ਮਿਆਦ ਲਈ ਜੀ.ਐਸ.ਟੀ. ਦੇਣਦਾਰੀਆਂ ਦਾ ਐਲਾਨ ਕਰਨਾ ਹੈ। ਕਿਸੇ ਵੀ ਆਮ ਟੈਕਸ ਭਰਨ ਵਾਲੇ ਨੂੰ ਹਰ ਟੈਕਸ ਮਿਆਦ ਲਈ ਫਾਰਮ ਜੀ.ਐਸ.ਟੀ.ਆਰ.-3ਬੀ ਰਿਟਰਨ ਭਰਨਾ ਲਾਜ਼ਮੀ ਹੈ ਭਾਵੇਂ ਉਸ ਦਾ ਟੈਕਸ ਬਣਦਾ ਹੋਵੇ ਜਾਂ ਨਾ।

# ਰਮਦਾਸ ਵਿਖੇ ਗੋਲੀਬਾਰੀ ਮਾਮਲੇ 'ਚ ਲੋੜੀਂਦੇ ਗੈਂਗਸਟਰ ਮੁਕਾਬਲੇ 'ਚ ਜ਼ਖ਼ਮੀ



ਮੁਕਾਬਲੇ 'ਚ ਜ਼ਖ਼ਮੀ ਹੋਏ ਗੈਂਗਸਟਰਾਂ ਕੋਲ ਖੜ੍ਹੇ ਡੀ. ਐੱਸ. ਪੀ. ਗੁਰਵਿੰਦਰ ਸਿੰਘ ਔਲਖ, ਐੱਸ. ਐੱਚ. ਓ. ਆਗਿਆਪਾਲ ਸਿੰਘ ਤੇ ਹੋਰ ਜਵਾਨ। ਤਸਵੀਰ : ਗੁਰਪ੍ਰੀਤ ਸਿੰਘ ਢਿੱਲੋਂ

ਅਜਨਾਲਾ/ ਗੱਗੋਮਾਹਲ/ ਰਮਦਾਸ , 19 ਅਕਤੂਬਰ (ਗੁਰਪ੍ਰੀਤ ਸਿੰਘ ਢਿੱਲੋਂ, ਬਲਵਿੰਦਰ ਸਿੰਘ ਸੰਧੂ, ਜਸਵੰਤ ਸਿੰਘ ਵਾਹਲਾ)-ਕਸਬਾ ਰਮਦਾਸ ਵਿਖੇ 8 ਅਕਤੂਬਰ ਨੂੰ ਇਕ ਵੈਲਡਿੰਗ ਦੀ ਦੁਕਾਨ ਚਲਾਉਂਦੇ ਨੌਜਵਾਨ 'ਤੇ ਗੋਲੀ ਚਲਾਉਣ ਵਾਲੇ 2 ਗੈਂਗਸਟਰ ਪੁਲਿਸ ਨਾਲ ਹੋਏ ਮੁਕਾਬਲੇ 'ਚ ਜ਼ਖ਼ਮੀ ਹੋ ਗਏ। ਡੀ. ਐੱਸ. ਪੀ. ਅਜਨਾਲਾ ਗੁਰਵਿੰਦਰ ਸਿੰਘ ਔਲਖ ਨੇ ਦੱਸਿਆ ਕਿ ਬੀਤੇ ਦਿਨੀਂ ਕਸਬਾ ਰਮਦਾਸ ਵਿਖੇ ਦੁਕਾਨਦਾਰ ਕਮਲਜੀਤ ਸਿੰਘ ਕੱਲੂ 'ਤੇ 2 ਮੋਟਰਸਾਈਕਲ ਸਵਾਰ ਨੌਜਵਾਨ ਗੋਲੀਆਂ ਚਲਾ ਕੇ ਫ਼ਰਾਰ ਹੋ ਗਏ ਸਨ ਅਤੇ ਗੋਲੀਆਂ ਲੱਗਣ ਨਾਲ ਦੁਕਾਨਦਾਰ ਗੰਭੀਰ ਜ਼ਖ਼ਮੀ ਹੋ ਗਿਆ ਸੀ, ਜਿਸ ਸੰਬੰਧੀ ਥਾਣਾ ਰਮਦਾਸ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਐੱਸ. ਐੱਸ. ਪੀ. ਮਨਿੰਦਰ ਸਿੰਘ ਦੀ ਵਿਸ਼ੇਸ਼ ਟੀਮ ਅਤੇ ਥਾਣਾ ਰਮਦਾਸ ਦੇ ਐੱਸ. ਐੱਚ. ਓ. ਸਬ-ਇੰਸਪੈਕਟਰ ਆਗਿਆਪਾਲ ਸਿੰਘ ਵਲੋਂ ਇਸ ਮਾਮਲੇ 'ਚ ਲੋੜੀਂਦੇ 2 ਕਥਿਤ ਦੋਸ਼ੀਆਂ ਅਵਿਨਾਸ਼ ਕੁਮਾਰ ਉਰਫ਼ ਅਭੀ ਮਹਿਤਾ ਪੁੱਤਰ ਉਮੇਸ਼ ਅਤੇ ਆਜ਼ਾਦ ਪੁੱਤਰ ਹਾਸ਼ਮ ਵਾਸੀ ਨਿਊ ਸਿਵਾ ਜੀ ਕਾਲੋਨੀ ਕਰਨਾਲ, ਜੋ ਕਿ ਮੂਲ ਰੂਪ ਵਿਚ ਬਿਹਾਰ ਦੇ ਰਹਿਣ ਵਾਲੇ ਹਨ, ਨੂੰ ਹਰਿਆਣਾ ਦੇ ਕਰਨਾਲ ਤੋਂ ਗ੍ਰਿਫ਼ਤਾਰ ਕਰਨ ਉਪਰੰਤ ਅਦਾਲਤ ਵਿਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਿਲ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਪੁਲਿਸ ਰਿਮਾਂਡ ਦੌਰਾਨ ਇਨ੍ਹਾਂ ਮੰਨਿਆ ਸੀ ਕਿ ਉਸ ਦਿਨ ਵਾਰਦਾਤ ਸਮੇਂ ਵਰਤਿਆ ਪਿਸਟਲ ਉਨ੍ਹਾਂ ਵਲੋਂ ਰੂੜੇਵਾਲ ਪਿੰਡ ਨਜ਼ਦੀਕ ਰਾਵੀ ਦਰਿਆ ਦੇ ਕੰਢੇ 'ਤੇ ਲੁਕੋ ਕੇ ਰੱਖਿਆ ਹੈ। ਡੀ. ਐੱਸ. ਪੀ. ਗੁਰਵਿੰਦਰ ਸਿੰਘ ਔਲਖ ਨੇ ਦੱਸਿਆ ਕਿ ਅੱਜ ਜਦੋਂ ਪੁਲਿਸ ਪਾਰਟੀ ਇਨ੍ਹਾਂ ਨੂੰ ਰਿਕਵਰੀ ਲਈ ਉਕਤ ਜਗ੍ਹਾ 'ਤੇ ਲੈ ਕੇ ਪੁੱਜੀ ਤਾਂ ਇਕ ਗੈਂਗਸਟਰ ਨੇ ਉਸ ਪਿਸਤੌਲ ਨਾਲ ਪੁਲਿਸ 'ਤੇ ਗੋਲੀਆਂ ਚਲਾ ਦਿੱਤੀਆਂ ਤੇ ਦੋਵਾਂ ਨੇ ਭੱਜਣ ਦੀ ਕੋਸ਼ਿਸ਼ ਕੀਤੀ ਪਰ ਐੱਸ. ਐੱਚ. ਓ. ਆਗਿਆਪਾਲ ਸਿੰਘ ਨੇ ਆਪਣਾ ਬਚਾਅ ਕਰਦੇ ਹੋਏ ਦੋਵਾਂ ਨੌਜਵਾਨਾਂ ਵੱਲ ਜਵਾਬੀ ਗੋਲੀਆਂ ਚਲਾਈਆਂ, ਜੋ ਦੋਵਾਂ ਦੀਆਂ ਲੱਤਾਂ 'ਤੇ ਵੱਜੀਆਂ, ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਦਾਖ਼ਲ ਕਰਵਾ ਦਿੱਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਗੈਂਗਸਟਰ ਜੀਵਨ ਫ਼ੌਜੀ ਅਤੇ ਇਟਲੀ 'ਚ ਬੈਠੇ ਅਕਾਸ਼ ਨੇ ਇਨ੍ਹਾਂ ਨੂੰ ਪੈਸੇ ਦਾ ਲਾਲਚ ਦਿੱਤਾ ਸੀ, ਜਿਸ ਤੋਂ ਬਾਅਦ ਹੀ ਇਨ੍ਹਾਂ ਵਲੋਂ ਵੈਲਡਿੰਗ ਦੀ ਦੁਕਾਨ ਦਾ ਕੰਮ ਕਰਦੇ ਕਮਲਜੀਤ ਸਿੰਘ ਕੱਲੂ ਉੱਪਰ ਗੋਲੀਆਂ ਚਲਾਈਆਂ ਸਨ। ਇਸ ਮੌਕੇ ਡੀ. ਐੱਸ. ਪੀ. ਗੁਰਿੰਦਰ ਸਿੰਘ ਨਾਗਰਾ, ਐੱਸ. ਐੱਚ. ਓ. ਆਗਿਆਪਾਲ ਸਿੰਘ ਤੇ ਹੋਰ ਪੁਲਿਸ ਕਰਮਚਾਰੀ ਮੌਜੂਦ ਸਨ।



ਸਮਾਜ ਸੇਵਕ ਮਨਜੀਤ ਸਿੰਘ ਚੌਹਾਨ (ਸਨੌਰ) ਨੂੰ ਸੰਤ ਬਾਬਾ ਮੋਹਣ ਸਿੰਘ ਮੈਮੋਰੀਅਲ ਰਾਸ਼ਟਰੀ ਨਿਸ਼ਕਾਮ ਸਮਾਜ ਸੇਵੀ ਸੰਤ ਰਤਨ ਨਾਲ ਸਨਮਾਨਿਤ ਕਰਦੇ ਹੋਏ ਸੰਤ ਬਾਬਾ ਬਲਬੀਰ ਸਿੰਘ, ਨਾਲ ਸੰਤ ਮਨਮੋਹਨ ਸਿੰਘ ਬਾਰਨ ਵਾਲੇ ਤੇ ਹੋਰ ਸ਼ਖ਼ਸੀਅਤਾਂ। ਤਸਵੀਰ : ਮੋਹਣ ਸਿੰਘ ਭੱਟੀ

# ਸਿੰਧ 'ਚ ਸੁਣਨ ਤੇ ਬੋਲਣ ਤੋਂ ਅਸਮਰੱਥ ਹਿੰਦੂ ਨਾਬਾਲਗ ਦਾ ਕਰਵਾਇਆ ਜਬਰੀ ਧਰਮ ਪਰਿਵਰਤਨ ਤੇ ਨਿਕਾਹ

ਅੰਮ੍ਰਿਤਸਰ, 19 ਅਕਤੂਬਰ (ਸੁਰਿੰਦਰ ਕੋਛੜ)-ਪਾਕਿਸਤਾਨ ਦੇ ਸਿੰਧ ਸੂਬੇ 'ਚ ਸੁਣਨ ਤੇ ਬੋਲਣ ਤੋਂ ਅਸਮਰਥ ਹਿੰਦੂ ਨਾਬਾਲਗ ਹਿਮਾਨ ਕੋਲਹੀ ਨੂੰ ਅਗਵਾ ਕਰਕੇ ਜ਼ਬਰਦਸਤੀ ਧਰਮ ਪਰਿਵਰਤਨ ਅਤੇ ਉਸ ਦਾ ਨਿਕਾਹ ਕਰਵਾਏ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ।



ਹਿਮਾਨ ਕੋਲਹੀ



ਗ਼ੁਲਾਮ ਹੁਸੈਨ ਉਰਫ਼ ਅਬੂ ਲੌਂਜੋ

ਦਰਾਵੜ ਇਤਿਹਾਦ ਪਾਕਿਸਤਾਨ ਸੰਗਠਨ ਦੇ ਮੁਖੀ ਸ਼ਿਵਾ ਕਾਚੀ ਨੇ ਦੱਸਿਆ ਕਿ ਉਕਤ 15 ਸਾਲਾ ਹਿੰਦੂ ਲੜਕੀ ਲਗਭਗ 9 ਦਿਨਾਂ ਤੋਂ ਲਾਪਤਾ ਸੀ ਅਤੇ ਉਸ ਦੇ ਮਾਪਿਆਂ ਵਲੋਂ ਉਥੋਂ ਦੇ ਸਥਾਨਕ ਪੁਲਿਸ ਥਾਣੇ 'ਚ ਅਗਵਾ ਦੀ ਸ਼ਿਕਾਇਤ ਦਰਜ ਕਰਵਾਉਣ ਉਪਰੰਤ ਅੱਜ ਹਿਮਾਨ ਆਪਣੇ ਕਥਿਤ ਪਤੀ ਗ਼ੁਲਾਮ ਹੁਸੈਨ ਉਰਫ਼ ਅਬੂ ਲੌਂਜੋ ਨਾਲ ਬਦੀਨ ਪ੍ਰੈੱਸ ਕਲੱਬ 'ਚ ਮੀਡੀਆ ਦੇ ਸਾਹਮਣੇ ਪੇਸ਼ ਹੋਈ। ਉਸ ਨੇ ਪੱਤਰਕਾਰਾਂ ਨੂੰ ਇਸਲਾਮ ਧਰਮ ਪਰਿਵਰਤਨ ਅਤੇ ਨਿਕਾਹ ਦਾ ਸਰਟੀਫਿਕੇਟ ਵੀ ਵਿਖਾਇਆ। ਸੂਬਾ ਸਿੰਧ ਦੇ ਬਦੀਨ ਜ਼ਿਲ੍ਹੇ ਦੇ ਕੋਰੋਹਾ ਕਸਬੇ ਦੀ ਰਹਿਣ ਵਾਲੀ ਨਾਬਾਲਗ ਦੇ ਪਿਤਾ ਹੀਰੋ ਕੋਲਹੀ ਨੇ ਸਵਾਲ ਕੀਤਾ ਕਿ ਉਸ ਦੀ ਧੀ ਇਕ ਅਜਿਹੇ ਆਦਮੀ ਨਾਲ ਵਿਆਹ ਕਰਨ ਲਈ ਕਿਵੇਂ ਸਹਿਮਤ ਹੋ ਸਕਦੀ ਹੈ, ਜੋ ਕਿ ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਹੋਰ ਅਪਰਾਧਾਂ 'ਚ ਸ਼ਾਮਿਲ ਅਤੇ 7 ਧੀਆਂ ਦਾ ਪਿਤਾ ਹੈ। ਸ਼ਿਵਾ ਕਾਚੀ ਨੇ ਸੀਨੀਅਰ ਪੁਲਿਸ ਅਧਿਕਾਰੀਆਂ ਨੂੰ ਸੁਤੰਤਰ ਜਾਂਚ ਦੀ ਮੰਗ ਕਰਦੇ ਹੋਏ ਕਿਹਾ ਕਿ ਜਿਸ ਕੁੜੀ ਨੇ ਬੋਲੀ ਹੋਣ ਕਰਕੇ ਕਦੇ ਅਜ਼ਾਨ ਨਹੀਂ ਸੁਣੀ ਅਤੇ ਨਾ ਕਦੇ ਕਲਮਾ ਪੜ੍ਹਿਆ, ਉਹ ਇਸਲਾਮ ਕਿਵੇਂ ਅਪਣਾ ਸਕਦੀ ਹੈ।

# ਪਿੰਗਲਾ ਆਸ਼ਰਮ ਸਨੌਰ ਦੇ 31ਵੇਂ ਸਾਲਾਨਾ ਯਾਦਗਾਰੀ ਦਿਵਸ ਮੌਕੇ ਸਮੂਹਿਕ ਵਿਆਹ

## ਲੋੜਵੰਦਾਂ ਦੀ ਸੇਵਾ ਨੂੰ ਸਮਰਪਿਤ ਜੀਵਨ ਹੀ ਸਾਰਥਕ ਜੀਵਨ ਹੈ-ਸੰਤ ਬਾਬਾ ਬਲਬੀਰ ਸਿੰਘ

ਸਨੌਰ, 19 ਅਕਤੂਬਰ (ਮੋਹਣ ਸਿੰਘ ਭੱਟੀ)-ਸਮਾਜ ਸੇਵਾ ਨੂੰ ਸਮਰਪਿਤ ਸੰਸਥਾ ਆਲ ਇੰਡੀਆ ਪਿੰਗਲਾ ਆਸ਼ਰਮ ਸਨੌਰ ਰੋਡ, ਪਟਿਆਲਾ ਦੇ ਬਾਨੀ ਸੱਚਖੰਡ ਵਾਸੀ ਸੰਤ ਬਾਬਾ ਮੋਹਣ ਸਿੰਘ ਦਾ 31ਵਾਂ ਸਾਲਾਨਾ ਯਾਦਗਾਰੀ ਦਿਵਸ ਮੁਖੀ ਸੰਤ ਬਾਬਾ ਬਲਬੀਰ ਸਿੰਘ ਦੀ ਅਗਵਾਈ 'ਚ ਧੂਮਧਾਮ ਦੇ ਨਾਲ ਮਨਾਇਆ ਗਿਆ। ਇਸ ਮੌਕੇ ਅਖੰਡ ਪਾਠ ਦੀਆਂ ਲੜੀਆਂ ਦੇ ਭੋਗ ਪਾਏ ਗਏ। ਸਮਾਗਮ 'ਚ ਸਟੇਜ ਸਕੱਤਰ ਦੀ ਭੂਮਿਕਾ ਜਥੇਦਾਰ ਕ੍ਰਿਸ਼ਨ ਸਿੰਘ ਸਨੌਰ ਨੇ ਬਾਖ਼ੂਬੀ ਨਿਭਾਈ। ਇਸ ਮੌਕੇ 'ਤੇ ਹਰ ਸਾਲ ਦੀ ਤਰ੍ਹਾਂ ਸਮਾਜਿਕ ਤੌਰ 'ਤੇ ਨਿਸ਼ਕਾਮ ਸੇਵਾਵਾਂ ਲਈ ਵਿਸ਼ੇਸ਼ ਸਮਾਜ ਸੇਵਕ ਮਨਜੀਤ ਸਿੰਘ ਚੌਹਾਨ (ਸਨੌਰ) ਨੂੰ ਸੰਤ ਬਾਬਾ ਮੋਹਣ ਸਿੰਘ ਮੈਮੋਰੀਅਲ ਨਿਸ਼ਕਾਮ ਸਮਾਜ ਸੇਵੀ ਸੰਤ ਰਤਨ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦੇ ਹੋਏ ਮੁੱਖ ਸੰਚਾਲਕ ਸੰਤ ਬਾਬਾ ਬਲਬੀਰ ਸਿੰਘ ਨੇ ਕਿਹਾ ਕਿ ਸਮਾਜ ਵਿਚ ਲੋੜਵੰਦਾਂ ਦੀ ਸੇਵਾ ਨੂੰ ਸਮਰਪਿਤ ਜੀਵਨ ਹੀ ਸਾਰਥਿਕ ਸੰਤ ਜੀਵਨ ਹੈ। ਸੰਤ ਮਨਮੋਹਣ ਸਿੰਘ ਗੁਰਦੁਆਰਾ ਬਾਰਨ ਸਾਹਿਬ ਪਟਿਆਲਾ ਵਾਲਿਆਂ ਨੇ ਸਮੂਹਿਕ ਅਨੰਦ ਕਾਰਜ ਦੀ ਮਰਿਆਦਾ ਸੰਪੰਨ ਕੀਤੀ ਅਤੇ ਉਨ੍ਹਾਂ ਦੇ ਸੁਖੀ ਗ੍ਰਹਿਸਤ ਜੀਵਨ ਲਈ ਗ੍ਰੰਥੀ ਸਿੰਘ ਸਾਹਿਬ ਭਾਈ ਜਗਦੇਵ ਸਿੰਘ ਤੇਜਾ ਨੇ ਅਰਦਾਸ ਕੀਤੀ। ਸੰਤ ਮਨਮੋਹਣ ਸਿੰਘ ਬਾਰਨ ਵਾਲਿਆਂ ਨਾਲ ਸੰਤ ਬਾਬਾ ਪ੍ਰੀਤਮ ਸਿੰਘ ਰਾਜਪੁਰਾ ਵਾਲੇ, ਸੰਤ ਸੁਖਦੇਵ ਸਿੰਘ ਅਮਨ ਨਗਰ ਵਾਲੇ ਸਮੇਤ ਹੋਰ ਸੰਤ ਮਹਾਂਪੁਰਸ਼ਾਂ ਨੇ ਵੀ ਗੁਰਬਾਣੀ ਕਥਾ, ਕੀਰਤਨ ਅਤੇ ਕਵੀਸ਼ਰੀ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਨਵ-ਵਿਵਾਹਿਤ ਜੋੜੀਆਂ ਨੂੰ ਗ੍ਰਹਿਸਤ ਜੀਵਨ ਦੀ ਜ਼ਰੂਰਤ ਨਾਲ ਸੰਬੰਧਿਤ ਘਰੇਲੂ ਸਾਮਾਨ ਵੀ ਦਿੱਤਾ ਗਿਆ। ਇਸ ਮੌਕੇ ਹਲਕਾ ਘਨੌਰ ਦੀ ਸਾਬਕਾ ਵਿਧਾਇਕਾ ਬੀਬੀ ਹਰਪ੍ਰੀਤ ਕੌਰ ਮੁਖਮੈਲਪੁਰ, ਕਰਨਲ ਬਲਵਿੰਦਰਪਾਲ ਸਿੰਘ ਚੀਮਾ, ਇੰਜ. ਮਾਲਵਿੰਦਰ ਸਿੰਘ ਚੱਠਾ, ਪ੍ਰਿੰਸੀਪਲ ਅਜੀਤ ਸਿੰਘ ਭੱਟੀ, ਮਨਜੀਤ ਸਿੰਘ ਬਰਾੜ ਸਾਬਕਾ ਐਸ.ਪੀ., ਸਰਬ ਧਰਮ ਕਲੱਬ ਤੋਂ ਭੁਪਿੰਦਰ ਸਿੰਘ ਚਾਚੂ, ਗੌਰਵ ਸੰਧੂ ਜਨਰਲ ਸਕੱਤਰ, ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ, ਇੰਦਰਜੀਤ ਸਿੰਘ ਸੰਧੂ ਵਾਇਸ ਚੇਅਰਮੈਨ, ਹਰਨੇਕ ਸਿੰਘ ਢੋਟ, ਹਰਮਿੰਦਰ ਸਿੰਘ ਹਰਮਨ ਲੁਧਿਆਣਾ, ਮੋਹਨ ਲਾਲ ਖੰਨਾ, ਕੁੰਦਨ ਗੋਗੀਆ ਮੇਅਰ ਪਟਿਆਲਾ, ਸੰਜੀਵ ਧੀਮਾਨ ਵਿਰਸਾ ਸੰਭਾਲ ਮੰਚ ਬੀਜੇਪੀ, ਲੱਖੀ ਸ਼ਰਮਾ, ਹਰੀਸ਼ ਸਿੰਗਲਾ ਸ਼ਿਵ ਸੈਨਾ, ਅਮਿਤ ਸਿੰਘ ਰਾਠੀ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਸਮਾਜ ਸੇਵਕ ਉਪਕਾਰ ਸਿੰਘ, ਜਥੇ. ਜਗਦੇਵ ਸਿੰਘ ਤੇਜਾ, ਬਿਕਰਮਜੀਤ ਸਿੰਘ, ਜਥੇਦਾਰ ਮੋਹਨ ਸਿੰਘ ਕਰਤਾਰਪੁਰ, ਚਰਨਜੀਤ ਸਿੰਘ ਮੱਟੂ ਪ੍ਰਧਾਨ ਬਾਬਾ ਜੀਵਨ ਸਿੰਘ ਨਿਸ਼ਕਾਮ ਸੇਵਾ ਸੁਸਾਇਟੀ ਨੇ ਵੀ ਪਹੁੰਚ ਕੇ ਸਹਿਯੋਗ ਦਿੱਤਾ।

# ਪਾਕਿ 'ਚ ਦੀਵਾਲੀ ਮੌਕੇ ਮੰਦਰਾਂ ਦੇ ਆਲੇ-ਦੁਆਲੇ ਕੀਤੇ ਸਖ਼ਤ ਸੁਰੱਖਿਆ ਪ੍ਰਬੰਧ

## ਸਿੰਧ 'ਚ ਹਿੰਦੂਆਂ ਲਈ ਦੋ ਦਿਨ ਦੀ ਰਹੇਗੀ ਸਰਕਾਰੀ ਛੁੱਟੀ

ਅੰਮ੍ਰਿਤਸਰ, 19 ਅਕਤੂਬਰ (ਸੁਰਿੰਦਰ ਕੋਛੜ)-ਪਾਕਿਸਤਾਨ ਦੇ ਖ਼ੈਬਰ ਪਖਤੂਨਖਵਾ ਸੂਬੇ ਦੇ ਪ੍ਰਸ਼ਾਸਨ ਨੇ ਦੀਵਾਲੀ ਤਿਉਹਾਰ ਦੇ ਸ਼ਾਂਤੀਪੂਰਨ ਜਸ਼ਨ ਨੂੰ ਯਕੀਨੀ ਬਣਾਉਣ ਲਈ ਰਾਜਧਾਨੀ ਪਿਸ਼ਾਵਰ ਅਤੇ ਇਸ ਦੇ ਆਲੇ-ਦੁਆਲੇ ਸੁਰੱਖਿਆ ਸਖ਼ਤ ਕਰ ਦਿੱਤੀ ਹੈ। ਇਕ ਸੀਨੀਅਰ ਪੁਲਿਸ ਅਧਿਕਾਰੀ ਨੇ ਦੱਸਿਆ ਕਿ ਤਿਉਹਾਰ ਲਈ ਵਿਸ਼ੇਸ਼ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਪਿਸ਼ਾਵਰ ਦੇ ਮੁੱਖ ਸਥਾਨਾਂ 'ਤੇ ਵੱਡੀ ਗਿਣਤੀ 'ਚ ਪੁਲਿਸ ਬਲ ਤਾਇਨਾਤ ਕੀਤੇ ਗਏ ਹਨ ਅਤੇ ਵਿਸ਼ੇਸ਼ ਟੀਮਾਂ 24 ਘੰਟੇ ਖੇਤਰ ਦੀ ਗਸ਼ਤ ਅਤੇ ਨਿਗਰਾਨੀ ਕਰ ਰਹੀਆਂ ਹਨ। ਸੁਰੱਖਿਆ ਏਜੰਸੀਆਂ ਨੂੰ ਹਾਈ ਅਲਰਟ 'ਤੇ ਰੱਖਿਆ ਗਿਆ ਹੈ। ਤਿਉਹਾਰ ਦੇ ਸ਼ਾਂਤੀਪੂਰਨ ਜਸ਼ਨ ਨੂੰ ਯਕੀਨੀ ਬਣਾਉਣ ਲਈ ਮੰਦਰਾਂ ਅਤੇ ਹੋਰ ਸੰਵੇਦਨਸ਼ੀਲ ਖੇਤਰਾਂ ਦੇ ਆਲੇ-ਦੁਆਲੇ ਨਿਗਰਾਨੀ ਵਧਾ ਦਿੱਤੀ ਗਈ ਹੈ। ਪੁਲਿਸ ਜ਼ਿਲ੍ਹਾ ਪ੍ਰਸ਼ਾਸਨ ਅਤੇ ਖ਼ੁਫ਼ੀਆ ਏਜੰਸੀਆਂ ਨਾਲ ਮਿਲ ਕੇ ਕੰਮ ਕਰ ਰਹੀ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕੋਈ ਅਣਸੁਖਾਵੀਂ ਘਟਨਾ ਨਾ ਵਾਪਰੇ ਅਤੇ ਹਿੰਦੂ ਭਾਈਚਾਰਾ ਬਿਨਾਂ ਕਿਸੇ ਡਰ ਦੇ ਦੀਵਾਲੀ ਮਨਾ ਸਕੇ। ਦੱਸਿਆ ਜਾ ਰਿਹਾ ਹੈ ਕਿ ਸੂਬਾ ਸਿੰਧ ਦੀ ਸੂਬਾਈ ਸਰਕਾਰ ਵਲੋਂ ਸੂਬੇ ਦੇ ਵੱਖ-ਵੱਖ ਸ਼ਹਿਰਾਂ 'ਚ ਹਿੰਦੂਆਂ ਨੂੰ ਦੀਵਾਲੀ ਦੇ ਮੱਦੇਨਜ਼ਰ 20 ਅਤੇ 21 ਅਕਤੂਬਰ ਦੀ ਸਰਕਾਰੀ ਛੁੱਟੀ ਰਹੇਗੀ। ਲਾਹੌਰ 'ਚ ਇਵੈਕੂਈ ਟਰੱਸਟ ਪ੍ਰਾਪਰਟੀ ਬੋਰਡ ਵਲੋਂ ਦੀਵਾਲੀ 21 ਅਕਤੂਬਰ ਨੂੰ ਰਾਵੀ ਰੋਡ ਸਥਿਤ ਕ੍ਰਿਸ਼ਨਾ ਮੰਦਰ ਵਿਖੇ ਮਨਾਈ ਜਾਵੇਗੀ। ਬੋਰਡ ਦੇ ਵਧੀਕ ਸਕੱਤਰ (ਸ਼ਰਾਈਨਜ਼) ਨਾਸਿਰ ਮੁਸ਼ਤਾਕ ਨੇ ਦੱਸਿਆ ਕਿ ਮੰਦਰ ਨੂੰ ਦੀਵਿਆਂ ਅਤੇ ਫੁੱਲਾਂ ਨਾਲ ਸਜਾਇਆ ਗਿਆ ਹੈ।



ਨਾਸਿਰ ਮੁਸ਼ਤਾਕ





'ਹਾਈਪਰਸਪੈਕਟ੍ਰਲ ਸੈਟੇਲਾਈਟ' ਐੱਚ. ਐੱਸ.-1 ਦੇ ਪੁਲਾੜ 'ਚ ਲਾਂਚ ਕੀਤੇ ਜਾਣ ਦੇ ਦ੍ਰਿਸ਼। ਤਸਵੀਰਾਂ ਰਾਹੀਂ : ਸੁਰਿੰਦਰ ਕੋਛੜ

# ਪਾਕਿ ਨੇ ਪਹਿਲਾ 'ਹਾਈਪਰਸਪੈਕਟ੍ਰਲ ਸੈਟੇਲਾਈਟ' ਕੀਤਾ ਲਾਂਚ

ਅੰਮ੍ਰਿਤਸਰ, 19 ਅਕਤੂਬਰ (ਸੁਰਿੰਦਰ ਕੋਛੜ)-ਪਾਕਿਸਤਾਨ ਨੇ ਚੀਨ ਦੇ ਜਿਉਕੁਆਨ ਸੈਟੇਲਾਈਟ ਲਾਂਚ ਸੈਂਟਰ ਤੋਂ ਆਪਣਾ ਪਹਿਲਾ ਹਾਈਪਰਸਪੈਕਟ੍ਰਲ ਸੈਟੇਲਾਈਟ ਐੱਚ. ਐੱਸ.-1 ਪੁਲਾੜ 'ਚ ਲਾਂਚ ਕੀਤਾ ਹੈ। ਮਿਸ਼ਨ ਦੀ ਨਿਗਰਾਨੀ ਲਈ ਪਾਕਿਸਤਾਨੀ ਵਿਗਿਆਨੀਆਂ ਅਤੇ ਇੰਜੀਨੀਅਰਾਂ ਦੀ ਇਕ ਟੀਮ ਲਾਂਚ ਸਾਈਟ 'ਤੇ ਮੌਜੂਦ ਸੀ। ਸਪੇਸ ਐਂਡ ਅਪਰ ਐਟਮੋਸਫੀਅਰ ਰਿਸਰਚ ਕਮਿਸ਼ਨ (ਸੁਪਾਰਕੋ) ਦੇ ਅਨੁਸਾਰ ਸੈਟੇਲਾਈਟ ਆਪਣੀ ਸਫ਼ਲ ਤਾਇਨਾਤੀ ਤੋਂ ਬਾਅਦ ਦੋ ਮਹੀਨਿਆਂ ਲਈ ਪੁਲਾੜ ਟੈਸਟਿੰਗ 'ਚੋਂ ਗੁਜ਼ਰੇਗਾ। ਦੱਸਿਆ ਜਾ ਰਿਹਾ ਹੈ ਕਿ 'ਹਾਈਪਰਸਪੈਕਟ੍ਰਲ ਸੈਟੇਲਾਈਟ' ਨੂੰ ਹੜ੍ਹਾਂ, ਜ਼ਮੀਨ ਖਿਸਕਣ ਅਤੇ ਹੋਰ ਕੁਦਰਤੀ ਆਫ਼ਤਾਂ ਦੀ ਭਵਿੱਖਬਾਣੀ ਕਰਨ 'ਚ ਸਹਾਇਤਾ ਕਰਨ ਲਈ ਤਿਆਰ ਕੀਤਾ ਗਿਆ ਹੈ, ਜਦੋਂਕਿ ਇਹ ਵਾਤਾਵਰਨ ਨਿਗਰਾਨੀ ਅਤੇ ਭੂ-ਵਿਗਿਆਨਕ ਜੋਖਮਾਂ ਦਾ ਜਲਦੀ ਪਤਾ ਲਗਾਉਣ 'ਚ ਵੀ ਯੋਗਦਾਨ ਪਾਵੇਗਾ। ਅਧਿਕਾਰੀਆਂ ਨੇ ਦਾਅਵਾ ਕੀਤਾ ਕਿ ਇਹ ਮਿਸ਼ਨ ਪਾਕਿ ਦੀ ਰਾਸ਼ਟਰੀ ਪੁਲਾੜ ਨੀਤੀ ਅਤੇ ਵਿਜ਼ਨ 2047 ਦੇ ਤਹਿਤ ਇਕ ਵੱਡਾ ਮੀਲ ਪੱਥਰ ਹੈ। ਜ਼ਿਕਰਯੋਗ ਹੈ ਕਿ ਚੀਨ ਨੇ ਅੱਜ ਇਕੋ ਸਮੇਂ ਇਕ ਪਾਕਿਸਤਾਨੀ ਰਿਮੋਟ ਸੈਂਸਿੰਗ ਉਪਗ੍ਰਹਿ ਅਤੇ ਆਪਣੇ ਦੋ ਉਪਗ੍ਰਹਿ ਪੁਲਾੜ 'ਚ ਲਾਂਚ ਕੀਤੇ ਹਨ।

# ਨਾਇਬ ਸਿੰਘ ਸੈਣੀ ਨੇ ਕਿਸਾਨਾਂ ਦੀ ਦੀਵਾਲੀ 'ਚ ਲਿਆਂਦੀ ਮਿਠਾਸ

## ਗੰਨੇ ਦੇ ਸਮਰਥਨ ਮੁੱਲ 'ਚ ਕੀਤਾ ਵਾਧਾ

ਚੰਡੀਗੜ੍ਹ, 19 ਅਕਤੂਬਰ (ਵਿਸ਼ੇਸ਼ ਪ੍ਰਤੀਨਿਧ)-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਦੀਵਾਲੀ ਮੌਕੇ ਕਿਸਾਨਾਂ ਨੂੰ ਵੱਡੀ ਰਾਹਤ ਦਿੰਦਿਆਂ ਗੰਨੇ ਦੇ ਸਮਰਥਨ ਮੁੱਲ 'ਚ ਵਾਧੇ ਦਾ ਐਲਾਨ ਕੀਤਾ ਹੈ। ਹਰਿਆਣਾ ਸਰਕਾਰ ਨੇ ਦੇਸ਼ 'ਚ ਸਭ ਤੋਂ ਵੱਧ ਗੰਨਾ ਮੁੱਲ ਪ੍ਰਦਾਨ ਕਰਨ ਦਾ ਇਤਿਹਾਸਕ ਫ਼ੈਸਲਾ ਕੀਤਾ ਹੈ, ਜੋ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਉਨ੍ਹਾਂ ਦੀ ਆਰਥਿਕ ਖ਼ੁਸ਼ਹਾਲੀ ਯਕੀਨੀ ਬਣਾਉਣ ਦੀ ਦਿਸ਼ਾ 'ਚ ਇਕ ਵੱਡਾ ਕਦਮ ਹੈ। ਅਗੇਤੀ ਕਿਸਮ ਦੇ ਗੰਨੇ ਦਾ ਭਾਅ 400 ਰੁਪਏ ਪ੍ਰਤੀ ਕੁਇੰਟਲ ਤੋਂ ਵਧਾ ਕੇ 415 ਰੁਪਏ ਪ੍ਰਤੀ ਕੁਇੰਟਲ ਕਰ ਦਿੱਤਾ ਗਿਆ ਹੈ ਅਤੇ ਪਿਛੇਤੀ ਕਿਸਮ ਦਾ ਭਾਅ 393 ਰੁਪਏ ਤੋਂ ਵਧਾ ਕੇ 408 ਰੁਪਏ ਪ੍ਰਤੀ ਕੁਇੰਟਲ ਕਰ ਦਿੱਤਾ ਗਿਆ ਹੈ। ਇਹ ਮੁੱਲ ਵਾਧਾ ਗੰਨਾ ਕਿਸਾਨਾਂ ਲਈ ਦੀਵਾਲੀ ਦਾ ਤੋਹਫ਼ਾ ਹੈ, ਜੋ ਉਨ੍ਹਾਂ ਦੀ ਮਿਹਨਤ ਅਤੇ ਸਮਰਪਣ ਨੂੰ ਸਨਮਾਨ ਦੇਣ ਦੇ ਨਾਲ-ਨਾਲ ਉਨ੍ਹਾਂ ਦੀ ਆਰਥਿਕ ਸਥਿਤੀ ਨੂੰ ਹੋਰ ਮਜ਼ਬੂਤ ਕਰੇਗਾ। ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਸਰਕਾਰ ਦਾ ਇਹ ਫ਼ੈਸਲਾ ਨਾ ਸਿਰਫ਼ ਕਿਸਾਨਾਂ ਦੇ ਹਿੱਤ 'ਚ ਹੈ ਸਗੋਂ ਸੂਬੇ ਦੀ ਖੇਤੀ ਅਰਥਵਿਵਸਥਾ ਨੂੰ ਵੀ ਨਵੀਂ ਰਫ਼ਤਾਰ ਪ੍ਰਦਾਨ ਕਰਨ ਵਾਲਾ ਹੈ।





ਗੱਲਬਾਤ ਦੌਰਾਨ ਡੀ.ਐੱਸ.ਟੀ./ਸੀ.ਟੀ.ਐੱਸ. ਕੰਟੈਰਕਟ ਇੰਸਟਰਕਟਰ ਯੂਨੀਅਨ ਪੰਜਾਬ ਦੇ ਆਗੂ। ਅਜੀਤ ਤਸਵੀਰ

# ਡੀ.ਐੱਸ.ਟੀ./ਸੀ.ਟੀ.ਐੱਸ. ਕੰਟੈਰਕਟ ਇੰਸਟਰਕਟਰ ਯੂਨੀਅਨ ਪੰਜਾਬ ਵਲੋਂ ਤਰਨ ਤਾਰਨ 'ਚ ਰੋਸ ਪ੍ਰਦਰਸ਼ਨ 26 ਨੂੰ

ਲੋਹੀਆਂ ਖਾਸ (ਜਲੰਧਰ), 19 ਅਕਤੂਬਰ (ਗੁਰਪਾਲ ਸਿੰਘ ਸ਼ਤਾਬਗੜ੍ਹ, ਕੁਲਦੀਪ ਸਿੰਘ ਖ਼ਾਲਸਾ)-ਡੀ.ਐੱਸ.ਟੀ./ਸੀ.ਟੀ.ਐੱਸ. ਕੰਟੈਰਕਟ ਇੰਸਟਰਕਟਰ ਯੂਨੀਅਨ ਪੰਜਾਬ ਵਲੋਂ ਜ਼ਿਮਨੀ ਚੋਣ ਵਾਲੇ ਵਿਧਾਨ ਸਭਾ ਹਲਕੇ ਤਰਨ ਤਾਰਨ ਵਿਚ 26 ਅਕਤੂਬਰ ਨੂੰ ਵਿਸ਼ਾਲ ਰੋਸ ਪ੍ਰਦਰਸ਼ਨ ਦਾ ਐਲਾਨ ਕੀਤਾ ਗਿਆ ਹੈ।। ਯੂਨੀਅਨ ਦੇ ਆਗੂਆਂ ਸੰਦੀਪ ਸਿੰਘ ਪ੍ਰਧਾਨ, ਸਿਮਰਨਜੀਤ ਸਿੰਘ ਉਪ ਪ੍ਰਧਾਨ, ਸਵਰਨ ਸਿੰਘ, ਪਰਦੀਪ ਸਿੰਘ, ਹਰਪ੍ਰੀਤ ਸਿੰਘ, ਮਨਜਿੰਦਰ ਸਿੰਘ ਤੇ ਹੋਰਾਂ ਨੇ ਕਿਹਾ ਕਿ ਅਸੀ ਪੰਜਾਬ ਸਰਕਾਰ ਦੀਆਂ ਉਦਯੋਗਿਕ ਸਿਖਲਾਈ ਸੰਸਥਾਵਾਂ 'ਚ ਬਤੌਰ ਕੰਟਰੈਕਟ/ਗੈਸਟ ਫੈਕਲਟੀ ਇੰਸਟਰਕਟਰ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਾਂ ਅਤੇ ਅਸੀਂ ਡਾਇਰੈਕਟਰ ਜਨਰਲ ਆਫ ਟ੍ਰੇਨਿੰਗ ਵਲੋਂ ਨਿਰਧਾਰਿਤ ਯੋਗਤਾਵਾਂ ਪੂਰੀਆਂ ਕਰਦੇ ਹਾਂ ਅਤੇ ਸਾਡੀ ਭਰਤੀ ਵੱਖ-ਵੱਖ ਅਖ਼ਬਾਰਾਂ 'ਚ ਇਸ਼ਤਿਹਾਰ ਦਿੰਦੇ ਹੋਏ ਰੁਜ਼ਗਾਰ ਦਫ਼ਤਰਾਂ ਵਲੋਂ ਇਨਟਰਵਿਊ ਹੋਣ 'ਤੇ ਮੈਰਿਟ ਤਿਆਰ ਕਰਦੇ ਹੋਏ ਪਾਰਦਰਸ਼ੀ ਢੰਗ ਨਾਲ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਸਾਡੀਆਂ ਮੰਗਾਂ ਨਾ ਪੂਰੀਆਂ ਕੀਤੀਆਂ ਤਾਂ 30 ਅਕਤੂਬਰ ਤੋਂ ਬਾਅਦ ਮੁੱਖ ਦਫ਼ਤਰ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ ਪੰਜਾਬ ਵਿਖੇ ਯੂਨੀਅਨ ਵਲੋਂ ਪੱਕੇ ਤੌਰ 'ਤੇ ਧਰਨਾ ਪ੍ਰਦਰਸ਼ਨ ਆਰੰਭ ਕੀਤਾ ਜਾਵੇਗਾ।



ਧਰਮਕੋਟ ਪੱਤਣ ਵਿਖੇ ਰਾਵੀ ਦਰਿਆ ਦੇ ਬੰਨ੍ਹ ਦਾ ਜਾਇਜ਼ਾ ਲੈਣ ਮੌਕੇ ਡਾ. ਵਿਕਰਮਜੀਤ ਸਿੰਘ ਸਾਹਨੀ, ਨਾਲ ਪ੍ਰਸ਼ਾਸਨਿਕ ਅਧਿਕਾਰੀ ਤੇ ਹੋਰ। ਤਸਵੀਰ : ਹੀਰਾ ਸਿੰਘ ਮਾਂਗਟ

# ਡਾ. ਸਾਹਨੀ ਨੇ ਰਾਵੀ ਦਰਿਆ ਦੇ ਬੰਨ੍ਹ 'ਤੇ ਰੇਤਾ ਹਟਾਉਣ ਦੇ ਕਾਰਜਾਂ ਦਾ ਲਿਆ ਜਾਇਜ਼ਾ

ਡੇਰਾ ਬਾਬਾ ਨਾਨਕ (ਬਟਾਲਾ), 19 ਅਕਤੂਬਰ (ਹੀਰਾ ਸਿੰਘ ਮਾਂਗਟ)-ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਵਲੋਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਦੇ ਨਾਲ ਧਰਮਕੋਟ ਪੱਤਣ ਵਿਖੇ ਚੱਲ ਰਹੇ ਬੰਨ੍ਹ ਬੰਨਣ ਅਤੇ ਰੇਤਾ ਹਟਾਉਣ ਦੇ ਕਾਰਜਾਂ ਦਾ ਜਾਇਜ਼ਾ ਲਿਆ ਗਿਆ। ਇਹ ਕਾਰਜ ਬੀਤੇ ਦਿਨੀਂ ਆਏ ਹੜ੍ਹਾਂ ਤੋਂ ਬਾਅਦ ਬਾਬਾ ਸਤਨਾਮ ਸਿੰਘ ਕਿਲ੍ਹਾ ਆਨੰਦਪੁਰ ਸਾਹਿਬ ਅਤੇ ਡਾ. ਸਾਹਨੀ ਵਲੋਂ ਸਾਂਝੇ ਤੌਰ 'ਤੇ ਸ਼ੁਰੂ ਕੀਤਾ ਗਿਆ ਸੀ। ਇਸ ਰੇਤਾ ਚੁੱਕਣ (ਡੀ-ਸਿਲਟਿੰਗ) ਮੁਹਿੰਮ ਦਾ ਉਦੇਸ਼ ਲਗਭਗ 300 ਏਕੜ ਉਪਜਾਊ ਜ਼ਮੀਨ ਨੂੰ ਫਿਰ ਤੋਂ ਖੇਤੀ ਯੋਗ ਬਣਾਉਣਾ ਹੈ। ਡਾ. ਸਾਹਨੀ ਨੇ ਸਥਾਨਕ ਔਰਤਾਂ ਨਾਲ ਵੀ ਮੁਲਾਕਾਤ ਕੀਤੀ, ਜਿਨ੍ਹਾਂ ਨੇ ਹੜ੍ਹ ਦੀ ਬਰਬਾਦੀ ਤੋਂ ਬਾਅਦ ਆਪਣੀ ਰੋਜ਼ੀ-ਰੋਟੀ ਮੁੜ ਸ਼ੁਰੂ ਕਰਨ ਲਈ ਸਵੈ-ਸਹਾਇਤਾ ਸਮੂਹ ਬਣਾਏ ਹਨ। ਡਾ. ਸਾਹਨੀ ਨੇ ਔਰਤਾਂ ਦੇ ਯਤਨਾਂ ਦਾ ਸਹਿਯੋਗ ਦੇਣ ਲਈ 10 ਸਿਲਾਈ ਮਸ਼ੀਨਾਂ ਵੰਡੀਆਂ, ਜਿਨ੍ਹਾਂ ਨਾਲ ਉਨ੍ਹਾਂ ਨੂੰ ਰੋਜ਼ੀ-ਰੋਟੀ ਕਮਾਉਣ 'ਚ ਮਦਦ ਮਿਲੇਗੀ। ਡਾ. ਸਾਹਨੀ ਨੇ ਕਿਹਾ ਕਿ ਉਦੇਸ਼ ਸਿਰਫ਼ ਮਿੱਟੀ ਨੂੰ ਹਟਾਉਣਾ ਨਹੀਂ ਹੈ, ਬਲਕਿ ਜ਼ਮੀਨ ਦੀ ਉਤਪਾਦਕਤਾ ਨੂੰ ਮੁੜ ਸਥਾਪਿਤ ਕਰਨਾ ਅਤੇ ਸਥਾਨਕ ਲੋਕਾਂ ਨੂੰ ਸਮਰੱਥ ਬਣਾਉਣਾ ਵੀ ਹੈ। ਇਸ ਮੌਕੇ ਐਸ.ਐਸ.ਪੀ. ਬਟਾਲਾ ਸੁਹੇਲ ਕਾਸਿਮ ਮੀਰ, ਐਸ.ਡੀ.ਐਮ. ਡੇਰਾ ਬਾਬਾ ਨਾਨਕ ਆਦਿਤਿਆ ਸ਼ਰਮਾ, ਬੀ.ਡੀ.ਪੀ.ਓ. ਅਮਨਦੀਪ ਕੌਰ ਆਦਿ ਪ੍ਰਸ਼ਾਸਨਿਕ ਅਧਿਕਾਰੀ ਹਾਜ਼ਰ ਸਨ।

## ਪ੍ਰਕਾਸ਼ ਪੁਰਬ ਮੌਕੇ ਬੰਦੀ ਸਿੱਖਾਂ ਦੀ ਤੁਰੰਤ ਰਿਹਾਈ ਦੀ ਕੀਤੀ ਅਪੀਲ

ਚੰਡੀਗੜ੍ਹ, 19 ਅਕਤੂਬਰ (ਅਜੀਤ ਬਿਊਰੋ)-ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਦਿੱਲੀ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਹ 15 ਅਕਤੂਬਰ, 2025 ਨੂੰ ਸੁਪਰੀਮ ਕੋਰਟ ਦੇ ਹੁਕਮਾਂ ਦੇ ਮੱਦੇਨਜ਼ਰ ਸਜ਼ਾ ਸਮੀਖਿਆ ਬੋਰਡ (ਐਸ.ਆਰ.ਬੀ.) ਦੀ ਤੁਰੰਤ ਮੀਟਿੰਗ ਬੁਲਾਈ ਜਾਵੇ। ਡਾ. ਸਾਹਨੀ ਨੇ ਦੱਸਿਆ ਕਿ 1993 ਤੋਂ ਜੇਲ੍ਹ ਵਿਚ ਬੰਦ ਦਵਿੰਦਰ ਪਾਲ ਸਿੰਘ ਭੁੱਲਰ ਦੀ ਜਲਦੀ ਰਿਹਾਈ ਲਈ ਸਮੀਖਿਆ ਦੀ ਮੰਗ ਕੀਤੀ ਗਈ ਹੈ। ਉਨ੍ਹਾਂ ਦਿੱਲੀ ਸਰਕਾਰ ਅਤੇ ਮੁੱਖ ਮੰਤਰੀ ਰੇਖਾ ਗੁਪਤਾ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਦੇਰੀ ਦੇ ਐਸ.ਆਰ.ਬੀ. ਦੀ ਮੀਟਿੰਗ ਬੁਲਾ ਕੇ ਨਿਆਂ ਦੀ ਭਾਵਨਾ ਨੂੰ ਕਾਇਮ ਰੱਖਣ ਅਤੇ 5 ਨਵੰਬਰ ਨੂੰ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਰਿਹਾਈ ਦਾ ਸਮਾਂ ਨਿਰਧਾਰਤ ਕਰਨ।

# ਦੀਵਾਲੀ ਦੇ ਤਿਉਹਾਰਾਂ ਦੇ ਦਿਨਾਂ 'ਚ ਖ਼ੁਰਾਕ ਸੁਰੱਖਿਆ ਕਸੌਟੀ 'ਤੇ ਖਰੀਆਂ ਨਾ ਉੱਤਰਨ ਵਾਲੀਆਂ ਕਰੋੜਾਂ ਦੀਆਂ ਮਿਠਾਈਆਂ ਛਕਣਗੇ ਭਾਰਤੀ

## ਸਿਹਤ ਵਿਭਾਗ ਵਲੋਂ ਤਿਉਹਾਰਾਂ ਦੇ ਦਿਨਾਂ 'ਚ ਛਾਪੇਮਾਰੀ ਦੌਰਾਨ ਵੱਡੀ ਮਾਤਰਾ 'ਚ ਨਕਲੀ ਮਿਠਾਈਆਂ ਨਸ਼ਟ ਕਰਵਾਉਣ ਦੀਆਂ ਖ਼ਬਰਾਂ ਚਰਚਾਂ 'ਚ

**ਵੀਰਪਾਲ ਸਿੰਘ**

ਬਠਿੰਡਾ, 19 ਅਕਤੂਬਰ-ਸਿਹਤ ਵਿਭਾਗ ਦੀ ਨਾਲਾਇਕੀ ਦੇ ਚਲਦਿਆਂ ਮਿਠਾਈਆਂ ਦੇ ਧੰਦੇ ਨਾਲ ਜੁੜੇ ਲੋਕਾਂ ਵਲੋਂ ਤਿਉਹਾਰਾਂ ਦੇ ਦਿਨਾਂ ਵਿਚ ਮਿਠਾਈਆਂ ਵੇਚਣ ਲਈ ਪਿਛਲੇ ਡੇਢ ਮਹੀਨੇ ਤੋਂ ਮਿਠਾਈ ਬਣਾ ਕੇ ਕੋਲਡ ਸਟੋਰਾਂ 'ਚ ਜਮ੍ਹਾ ਕਰਕੇ ਰੱਖੇ ਜਾਣ ਦੀਆਂ ਖ਼ਬਰਾਂ ਲਗਾਤਾਰ ਸੁਰਖ਼ੀਆਂ ਵਿਚ ਹਨ। ਇਸ ਨਾਲ ਦੀਵਾਲੀ ਦੇ ਤਿਉਹਾਰ ਦੌਰਾਨ ਮਿਠਾਈਆਂ ਦੀ ਮੰਗ ਨੂੰ ਪੂਰਾ ਕਰਨ ਲਈ ਨਕਲੀ ਦੁੱਧ, ਪਨੀਰ, ਖੋਆ ਦੀ ਸਪਲਾਈ ਕੀਤੇ ਜਾਣ ਦੀਆਂ ਖ਼ਬਰਾਂ ਵੀ ਚਰਚਾ ਵਿਚ ਚੱਲ ਰਹੀਆਂ ਹਨ। ਲੰਘੇ ਡੇਢ ਮਹੀਨੇ ਤੋਂ ਬਣਾ ਕੇ ਸਟੋਰ ਕੀਤੀਆਂ ਹੋਈਆਂ ਮਿਠਾਈਆਂ ਬਣਾਉਣ ਲਈ ਵਰਤੀ ਘਟੀਆ ਸਮਗਰੀ ਬਾਰੇ ਵਿਚ ਖ਼ਬਰਾਂ ਪੜ੍ਹਨ ਵਾਲੇ ਦੇਸ਼ਾਂ ਦੇ ਕਰੋੜਾਂ ਲੋਕਾਂ ਵਲੋਂ ਅੱਖਾਂ ਬੰਦ ਕਰਕੇ ਚਾਲੂ ਸੀਜ਼ਨ ਵਿਚ ਤਿਉਹਾਰ ਮੌਕੇ ਲੱਖਾਂ ਰੁਪਏ ਖ਼ਰਚ ਕੇ ਆਪਣੀ ਜੀਭ ਦੇ ਸਵਾਦ ਪੂਰਾ ਕਰਨ ਲਈ ਰੋਜ਼ਾਨਾ ਮਣਾ-ਮੂੰਹੀਂ ਮਿਠਾਈਆਂ ਦੀ ਖ਼ਰੀਦਦਾਰੀ ਕੀਤੀ ਜਾ ਰਹੀ ਹੈ। ਤਾਜ਼ਾ ਅੰਕੜਿਆਂ ਅਨੁਸਾਰ ਦੇਸ਼ ਵਿਚ ਸਾਲ 2025 ਦੀਵਾਲੀ ਦੇ ਤਿਉਹਾਰ ਦੇ ਸੀਜ਼ਨ ਵਿਚ ਮਿਠਾਈਆਂ ਦਾ ਕਾਰੋਬਾਰ 19,000 ਕਰੋੜ ਤੱਕ ਪਹੁੰਚਣ ਦਾ ਅੰਦਾਜ਼ਾ ਹੈ। ਪੰਜਾਬ ਵਿਚ ਸਾਲ 2024-25 ਦੌਰਾਨ ਭੋਜਨ ਪਦਾਰਥਾਂ ਦੇ 20 ਫ਼ੀਸਦੀ ਤੋਂ ਵੱਧ ਨਮੂਨੇ ਫ਼ੇਲ੍ਹ ਹੋਏ ਹਨ। ਇਸ ਨਾਲ ਦੁੱਧ, ਖੋਆ, ਪਨੀਰ, ਦੇਸੀ ਘਿਓ ਦੇ 28 ਫ਼ੀਸਦੀ ਨਮੂਨੇ ਕਸੌਟੀ 'ਤੇ ਪੂਰੇ ਨਹੀਂ ਉੱਤਰੇ ਹਨ। ਪੰਜਾਬ ਵਿਚ ਆਮ ਲੋਕਾਂ ਦੀ ਸਿਹਤ ਦੇ ਮੁੱਦਿਆਂ ਨਾਲ ਸੰਬੰਧਿਤ ਮਾਮਲਿਆਂ ਵਿਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਲੋਂ ਫਰਵਰੀ 2025 ਵਿਚ ਸੂਬਾ ਸਰਕਾਰ ਨੂੰ ਮਿਲਾਵਟੀ ਡੇਅਰੀ ਉਤਪਾਦਾਂ ਦੇ ਸੰਬੰਧ ਵਿਚ ਚਿੰਤਾਤਾਂ ਦਾ ਜਵਾਬ ਦੇਣ ਬਾਰੇ ਨਿਰਦੇਸ਼ ਜਾਰੀ ਕੀਤੇ ਗਏ ਸਨ, ਜਿਸ ਵਿਚ ਗੈਰ-ਮਿਆਰੀ ਪਦਾਰਥਾਂ ਦੀ ਵਿਕਰੀ ਨਾਲ ਆਮ ਲੋਕਾਂ ਦੀ ਸਿਹਤ ਨਾਲ ਖਿਲਵਾੜ ਨੂੰ ਰੋਕਣ ਲਈ ਜ਼ੋਰ ਦਿੱਤਾ ਗਿਆ ਸੀ। ਜਨ ਹਿੱਤ ਪਟੀਸ਼ਨ ਤੋਂ ਬਾਅਦ ਇਹ ਨਿਰਦੇਸ਼ ਜਾਰੀ ਹੋਏ ਸਨ, ਜਿਸ ਵਿਚ ਚਿੰਤਾ ਪ੍ਰਗਟ ਕਰਨ ਵਾਲੇ ਅਨੇਕਾਂ ਅੰਕੜਿਆਂ ਨੂੰ ਸਾਹਮਣੇ ਲਿਆਂਦਾ ਗਿਆ ਸੀ। ਪੰਜਾਬ ਵਿਚ 2021 ਤੋਂ 2025 ਤੱਕ ਦੇ ਇਕੱਠੇ ਕੀਤੇ ਗਏ ਅੰਕੜਿਆਂ ਵਿਚ ਭੋਜਨ ਪਦਾਰਥ 20 ਫ਼ੀਸਦੀ ਦੇ ਲਗਭਗ ਨਮੂਨੇ ਲੋੜੀਂਦੇ ਮਾਪਦੰਡਾਂ 'ਤੇ ਖਰੇ ਨਹੀਂ ਉੱਤਰੇ। ਡੇਅਰੀ ਉਤਪਾਦਾਂ ਬਾਰੇ ਵਿਚ ਸੰਨ 2024-2025 ਤੱਕ ਦੇ ਲਏ ਗਏ ਨਮੂਨਿਆਂ ਵਿਚੋਂ 20 ਫ਼ੀਸਦੀ ਨਮੂਨੇ ਮਾਪਦੰਡਾਂ ਦੇ ਅਨੁਕੂਲ ਨਹੀਂ ਪਾਏ ਗਏ। ਦੇਸੀ ਘਿਓ 28 ਫ਼ੀਸਦੀ, ਖੁੱਲ੍ਹੇ ਦੁੱਧ ਦੇ 14 ਫ਼ੀਸਦੀ ਖ਼ੁਰਾਕ ਸੁਰੱਖਿਆ ਕਸੌਟੀ 'ਤੇ ਖਰੇ ਨਹੀਂ ਉੱਤਰੇ। ਜਾਣਕਾਰੀ ਅਨੁਸਾਰ ਇਹ ਵੀ ਪਤਾ ਲੱਗਾ ਹੈ ਕਿ 2020 ਤੋਂ 2024 ਤੱਕ 3000 ਦੇ ਕਰੀਬ ਸਿਵਲ ਅਤੇ 320 ਦੇ ਕਰੀਬ ਅਪਰਾਧਿਕ ਮਾਮਲੇ ਦਰਜ ਹੋਏ ਸਨ। 2022 'ਚ ਭੋਜਨ ਪਦਾਰਥਾਂ ਨਾਲ ਜੁੜੇ ਵਪਾਰੀਆਂ 'ਤੇ 2 ਕਰੋੜ ਤੱਕ ਦੇ ਜੁਰਮਾਨੇ ਵੀ ਵਸੂਲੇ ਜਾ ਚੁੱਕੇ ਹਨ। ਇਨ੍ਹਾਂ ਅੰਕੜਿਆਂ ਤੋਂ ਸਪੱਸ਼ਟ ਹੁੰਦੇ ਹੋਏ ਦੇਸ਼ ਵਿਚ ਭੋਜਨ ਪਦਾਰਥਾਂ ਵਿਚ ਮਿਲਾਵਟ ਖੋਰੀ ਦਾ ਧੰਦਾ ਦਿਨ-ਬ-ਦਿਨ ਵਧ ਰਿਹਾ ਹੈ। ਮਿਲਾਵਟੀ ਭੋਜਨ ਦੀ ਵਰਤੋ ਕਰਨ ਨਾਲ ਦੇਸ਼ ਦੀ ਵੱਡੀ ਆਬਾਦੀ ਖ਼ਤਰਨਾਕ ਬਿਮਾਰੀ ਦੀ ਲਪੇਟ ਵਿਚ ਆ ਰਹੇ ਸੂਬੇ ਵਿਚ ਕੈਂਸਰ, ਦਿਲ ਦੀਆਂ ਬਿਮਾਰੀਆਂ, ਸ਼ੂਗਰ, ਪੇਟ ਦੀਆਂ ਬਿਮਾਰੀਆਂ, ਗੁਰਦਿਆਂ ਨਾਲ ਸੰਬੰਧਿਤ ਰੋਗ ਲਗਾਤਾਰ ਵਧ ਰਹੇ ਹਨ। ਜਿਸ ਨਾਲ ਭਾਰਤ ਵਿਚ ਆਦਮੀ ਆਦਮੀ ਔਸਤਨ ਉਮਰ 70 ਤੋਂ 75 ਸਾਲ ਤੱਕ ਰਹਿ ਗਈ ਹੈ। ਪੱਛਮੀ ਦੇਸ਼ਾਂ ਵਿਚ ਆਮ ਆਦਮੀ ਔਸਤਾਨ ਉਮਰ 80 ਤੋਂ 95 ਸਾਲ ਤੱਕ ਮੰਨੀ ਜਾਂਦੀ ਹੈ। ਇਨ੍ਹਾਂ ਸਾਰੇ ਕਾਰਨਾਂ ਦੀ ਅਸਲੀ ਜੜ੍ਹ ਦੇਸ਼ ਵਿਚ ਭੋਜਨ ਪਦਾਰਥਾਂ ਵਿਚ ਹੋਣ ਵਾਲੀ ਮਿਲਾਵਟਖੋਰੀ ਹੈ, ਜਿਸ ਨੂੰ ਲੈ ਕੇ ਕੇਂਦਰ ਅਤੇ ਸੂਬਾ ਸਰਕਾਰ ਵਲੋਂ ਅੱਖਾਂ ਬੰਦ ਕਰਕੇ ਚੁੱਪੀ ਧਾਰ ਰੱਖੀ ਹੈ।

**• ਮਿਠਾਈਆਂ ਦਾ ਕਾਰੋਬਾਰ 19000 ਕਰੋੜ ਤੱਕ ਪਹੁੰਚਣ ਦਾ ਅੰਦਾਜ਼ਾ • 2024-25 ਡੇਅਰੀ ਉਤਪਾਦ ਦੇ 28 ਫ਼ੀਸਦੀ ਨਮੂਨੇ ਕਸੌਟੀ 'ਤੇ ਖਰ੍ਹੇ ਨਹੀਂ ਉੱਤਰੇ**



ਭਾਈ ਹਰਿਸਿਮਰਨ ਸਿੰਘ ਦਾ ਹਾਲ-ਚਾਲ ਪੁੱਛਦੇ ਹੋਏ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ।

# ਉੱਘੇ ਸਿੱਖ ਵਿਦਵਾਨ ਭਾਈ ਹਰਿਸਿਮਰਨ ਸਿੰਘ ਦਿਮਾ.ਗ ਦੀ ਨਾੜੀ ਫੱਟਣ ਕਾਰਨ ਹੋਏ ਅਧਰੰਗ ਦਾ ਸ਼ਿਕਾਰ

## ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਜਾਣਿਆਂ ਹਾਲ

ਸ੍ਰੀ ਅਨੰਦਪੁਰ ਸਾਹਿਬ, 19 ਅਕਤੂਬਰ (ਕਰਨੈਲ ਸਿੰਘ)-ਉਘੇ ਸਿੱਖ ਵਿਦਵਾਨ ਅਤੇ ਭਾਈ ਗੁਰਦਾਸ ਇੰਸਟੀਚਿਊਟ ਆਫ਼ ਐਡਵਾਸਡਜ ਸਿੱਖ ਸਟੱਡੀਜ਼ ਦੇ ਮੁਖੀ ਭਾਈ ਹਰਿਸਿਮਰਨ ਸਿੰਘ ਨੂੰ ਖ਼ੂਨ ਦਾ ਦਬਾਅ ਵਧਣ ਤੋਂ ਬਾਅਦ ਦਿਮਾਗ਼ ਦੀ ਨਾੜੀ ਫੱਟਣ ਕਾਰਨ ਅਧਰੰਗ ਦਾ ਸ਼ਿਕਾਰ ਹੋਏ ਹਨ। ਉਨ੍ਹਾਂ ਦੀ ਹਾਲਤ ਖ਼ਤਰੇ ਤੋਂ ਬਾਹਰ ਦੱਸੀ ਜਾਂਦੀ ਹੈ। ਉਨ੍ਹਾਂ ਦੇ ਸਪੁੱਤਰ ਅਤੇ ਬਚੋਲੀ ਫਾਰਮਜ ਦੇ ਮਾਲਕ ਬੀਰਦਵਿੰਦਰ ਸਿੰਘ ਨੇ ਦੱਸਿਆ ਕਿ ਬੀਤੇ ਐਤਵਾਰ 12 ਅਕਤੂਬਰ ਨੂੰ ਉਨ੍ਹਾਂ ਦੇ ਖ਼ੂਨ ਦਾ ਦਬਾਓ ਅਚਾਨਕ ਵੱਧਣ ਕਾਰਨ ਦਿਮਾਗ਼ ਦੀ ਨਾੜੀ ਫੱਟ ਗਈ ਸੀ ਅਤੇ ਅਧਰੰਗ ਦੀ ਸ਼ਿਕਾਇਤ ਤੋਂ ਬਾਅਦ ਸ੍ਰੀ ਅਨੰਦਪੁਰ ਸਾਹਿਬ ਅਤੇ ਫਿਰ ਪਟਿਆਲਾ ਦੇ ਇਕ ਨਿੱਜੀ ਹਸਪਤਾਲ ਵਿਖੇ ਭਰਤੀ ਕਰਵਾਇਆ ਗਿਆ ਸੀ, ਜਿਨ੍ਹਾਂ ਦੀ ਹਾਲਤ ਸਥਿਰ ਹੋਣ ਤੋਂ ਬਾਅਦ ਉਨ੍ਹਾਂ ਨੂੰ 16 ਅਕਤੂਬਰ ਨੂੰ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ। ਦੱਸਣਯੋਗ ਹੈ ਕਿ ਭਾਈ ਹਰਿਸਿਮਰਨ ਸਿੰਘ ਵਲੋਂ 19 ਕਿਤਾਬਾਂ ਲਿਖ ਕੇ ਸਿੱਖ ਪੰਥ ਦੀ ਝੋਲੀ ਵਿਚ ਪਾਈਆਂ ਗਈਆਂ ਸਨ। ਇਨ੍ਹਾਂ ਕਿਤਾਬਾਂ ਰਾਹੀਂ ਸਿੱਖ ਪੰਥ ਅਤੇ ਗੁਰਧਾਮਾਂ ਦੇ ਪ੍ਰਬੰਧ ਵਿਚ ਸੁਧਾਰ ਅਤੇ ਭਵਿੱਖ ਦੀ ਰਣਨੀਤੀ ਸਬੰਧੀ ਜਾਣਕਾਰੀ ਦਿੱਤੀ ਗਈ ਹੈ। ਉਹ ਆਪਣੀ 20ਵੀਂ ਪੁਸਤਕ ਸਵੈ-ਜੀਵਨੀ ਲਿਖ ਕੇ ਮੁਕੰਮਲ ਕਰ ਦਿੱਤੀ ਸੀ, ਜਿਸ ਨੂੰ ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਮੌਕੇ ਜਾਰੀ ਕੀਤਾ ਜਾਣਾ ਸੀ। ਹਾਲ ਚਾਲ ਜਾਨਣ ਲਈ ਪਹੁੰਚੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਭਾਈ ਹਰਿਸਿਮਰਨ ਸਿੰਘ ਸਿੱਖ ਪੰਥ ਦੀ ਬਹੁਤ ਵੱਡੀ ਸ਼ਖ਼ਸੀਅਤ ਹਨ ਅਤੇ ਉਨ੍ਹਾਂ ਨੇ ਆਪਣੇ ਜੀਵਨ ਕਾਲ ਦੌਰਾਨ ਸਿੱਖ ਪੰਥ ਦੀ ਝੋਲੀ ਵਿਚ ਬਹੁਤ ਕੀਮਤੀ ਸਾਹਿੱਤ ਦਿੱਤਾ ਹੈ।